# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 10-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਿਛਲੇ 11 ਸਾਲਾਂ ਵਿਚ, ਭਾਰਤ ਦੇ ਰੱਖਿਆ ਖੇਤਰ ਵਿਚ ਹੋਏ ਸ਼ਾਨਦਾਰ ਬਦਲਾਅ ਨੂੰ ਉਜਾਗਰ ਕੀਤਾ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਰੱਖਿਆ ਉਤਪਾਦਨ ਵਿਚ ਆਧੁਨਿਕੀਕਰਨ ਅਤੇ ਆਤਮ-ਨਿਰਭਰਤਾ ਹਾਸਿਲ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਇਹ ਦੇਖ ਕੇ ਬਹੁਤ ਉਤਸ਼ਾਹ ਮਿਲਦਾ ਏ ਕਿ, ਭਾਰਤ ਦੇ ਲੋਕ ਦੇਸ਼ ਨੂੰ ਮਜ਼ਬੂਤ ਕਰਨ ਲਈ ਇਕ ਸਾਂਝੇ ਇਰਾਦੇ ਨਾਲ ਕਿਵੇਂ ਇੱਕਜੁੱਟ ਹੋਏ ਨੇ।

-----------------------------------------------------

ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੀਟਿੰਗ ਦੌਰਾਨ ਕਿਹਾ ਏ ਕਿ ਸੂਬੇ ਵਿਚ ਫਸਲੀ ਵੰਨ-ਸੁਵੰਨਤਾ ਦੇ ਯਤਨਾਂ ਨੂੰ ਵੱਡਾ ਹੁਲਾਰਾ ਮਿਲਿਆ ਏ ਨਰਮੇ ਦੀ ਕਾਸ਼ਤ ਵਿਚ ਲਗਭਗ 20 ਫ਼ੀਸਦ ਦਾ ਵਾਧਾ ਹੋਇਆ ਏ। ਉਨ੍ਹਾਂ  ਕਿਹਾ ਕਿ ਨਰਮੇ ਦੀ ਕਾਸ਼ਤ ਹੇਠ ਕੁੱਲ

ਰਕਬਾ ਪਿਛਲੇ ਸਾਲ 2.49 ਲੱਖ ਏਕੜ ਸੀ, ਜਿਹੜਾ ਕਿ ਵੱਧ ਕੇ ਇਸ ਸਾਲ 2.98 ਲੱਖ ਏਕੜ ਹੋ ਗਿਆ ਏ। ਇਹ ਅੰਕੜਾ ਇਕ ਸਾਲ ਦੇ ਅੰਦਰ 49,000 ਏਕੜ ਤੋਂ ਵੱਧ ਦਾ ਵਾਧਾ ਦਰਸਾਉਂਦਾ ਏ। ਪੰਜਾਬ ਵਿਚ ਨਰਮੇ ਦੀ ਕਾਸ਼ਤ ਵਿਚ ਮੋਹਰੀ ਚਾਰ ਜ਼ਿਲ੍ਹੇ ਕ੍ਰਮਵਾਰ ਫਾਜ਼ਿਲਕਾ, ਮਾਨਸਾ, ਬਠਿੰਡਾ ਤੇ ਸ੍ਰੀ ਮੁਕਤਸਰ ਸਾਹਿਬ ਨੇ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਕਿਸਾਨਾਂ ਨੂੰ ਕਪਾਹ ਦੇ ਬੀਜਾਂ 'ਤੇ 33 ਫ਼ੀਸਦ ਸਬਸਿਡੀ ਦੇਣ ਦਾ ਫੈਸਲਾ ਕੀਤਾ ਏ ਕਿਉਂਕਿ 49,000 ਤੋਂ ਵੱਧ ਕਿਸਾਨ ਪਹਿਲਾਂ ਹੀ ਆਨਲਾਈਨ ਰਜਿਸਟਰਡ ਹੋ ਚੁੱਕੇ ਨੇ। ਉਨ੍ਹਾਂ ਕਿਹਾ ਕਿ ਮੁੱਖ ਖੇਤੀਬਾੜੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਨੇ ਕਿ ਕਪਾਹ ਉਤਪਾਦਕਾਂ ਨੂੰ 15 ਜੂਨ ਤੱਕ ਆਨਲਾਈਨ ਰਜਿਸਟ੍ਰੇਸ਼ਨ ਪੂਰੀ ਕਰਨਾ ਯਕੀਨੀ ਬਣਾਇਆ ਜਾਵੇ। ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਕ ਪਾਇਲਟ ਪ੍ਰੋਜੈਕਟ ਤਹਿਤ ਕਿਸਾਨਾਂ ਨੂੰ ਝੋਨੇ ਤੋਂ ਸਾਉਣੀ ਦੀ ਮੱਕੀ ਵੱਲ ਜਾਣ ਲਈ ਪ੍ਰਤੀ ਹੈਕਟੇਅਰ 17,500 ਰੁਪਏ ਦੀ ਹੌਸਲਾ ਵਧਾਊ ਰਾਸ਼ੀ ਦੇਵੇਗੀ। ਇਹ ਪ੍ਰੋਜੈਕਟ 6 ਜ਼ਿਲ੍ਹਿਆਂ - ਬਠਿੰਡਾ, ਸੰਗਰੂਰ, ਪਠਾਨਕੋਟ, ਗੁਰਦਾਸਪੁਰ, ਜਲੰਧਰ ਤੇ ਕਪੂਰਥਲਾ ਨੂੰ ਕਵਰ ਕਰਦਾ ਏ।

---------------------------------------------------------------------------

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕੱਲ੍ਹ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਪੀ.ਸੀ.ਐੱਲ.) ਅਤੇ

ਪੰਜਾਬ ਸਟੇਟ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਟੀ.ਸੀ.ਐੱਲ.) ਦੇ ਸੀਨੀਅਰ ਅਧਿਕਾਰੀਆਂ ਨਾਲ ਉੱਚ ਪੱਧਰੀ ਮੀਟਿੰਗ ਕੀਤੀ ਤੇ ਝੋਨੇ ਦੀ ਬਿਜਾਈ ਦੇ ਇਸ ਸਮੇਂ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਸਬੰਧੀ ਪ੍ਰਬੰਧਾਂ ਦੀ ਪੜਚੋਲ ਕੀਤੀ। ਮੀਟਿੰਗ ਦੌਰਾਨ ਅਧਿਕਾਰੀਆਂ ਨੇ ਬਿਜਲੀ ਮੰਤਰੀ ਨੂੰ ਸੂਬੇ ਵਿਚ ਝੋਨੇ ਦੀ ਬਿਜਾਈ ਲਈ ਅਪਣਾਈ ਗਈ ਪੜਾਅਵਾਰ ਸਮਾਂ-ਸਾਰਣੀ ਬਾਰੇ ਜਾਣੂ ਕਰਵਾਇਆ। ਇਸ ਸਮਾਂ ਸਾਰਣੀ ਵਿਚ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਵੀ ਸ਼ਾਮਲ ਏ। ਸਰਹੱਦੀ ਤੇ ਨਹਿਰੀ ਸਿੰਜਾਈ ਵਾਲੇ ਜ਼ਿਲ੍ਹਿਆਂ ਜਿਵੇਂ ਫਰੀਦਕੋਟ, ਬਠਿੰਡਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਵਿਚ ਪਹਿਲੀ ਜੂਨ ਨੂੰ ਬਿਜਾਈ ਸ਼ੁਰੂ ਕੀਤੀ ਗਈ ਸੀ। ਇਸ ਤੋਂ ਬਾਅਦ 5 ਜੂਨ ਤੋਂ ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਅੰਮ੍ਰਿਤਸਰ, ਰੂਪਨਗਰ, ਐਸ.ਏ.ਐਸ ਨਗਰ (ਮੋਹਾਲੀ), ਫਤਿਹਗੜ੍ਹ ਸਾਹਿਬ ਅਤੇ ਹੁਸ਼ਿਆਰਪੁਰ ਵਿਚ ਬਿਜਾਈ ਸ਼ੁਰੂ ਕੀਤੀ ਗਈ ਸੀ। ਬਾਕੀ ਜ਼ਿਲ੍ਹਿਆਂ-ਲੁਧਿਆਣਾ, ਮਲੇਰਕੋਟਲਾ, ਮਾਨਸਾ, ਮੋਗਾ, ਪਟਿਆਲਾ, ਸੰਗਰੂਰ, ਬਰਨਾਲਾ, ਕਪੂਰਥਲਾ, ਜਲੰਧਰ ਤੇ ਸ਼ਹੀਦ ਭਗਤ ਸਿੰਘ ਨਗਰ ਵਿਚ ਬਿਜਾਈ ਦਾ ਕੰਮ ਸ਼ੁਰੂ ਹੋ ਗਿਆ ਏ। ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਝੋਨੇ ਦੇ ਮੌਜੂਦਾ ਸੀਜ਼ਨ ਦੌਰਾਨ ਕਿਸਾਨਾਂ ਦੀ ਮਦਦ ਲਈ

ਲੋੜੀਂਦੇ ਕਦਮ ਚੁੱਕੇ ਜਾਣ।

---------------------------------------------------------------------

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਲ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਕੈਂਪਸ ਵਿਚ ਕਰਵਾਈ ਗਈ ਪੰਜਾਬ ਵਾਈਸ ਚਾਂਸਲਰ ਅਤੇ ਡਾਇਰੈਕਟਰ ਕਾਨਫਰੰਸ ਦੀ ਪ੍ਰਧਾਨਗੀ ਕੀਤੀ। ਇਸ ਵੱਕਾਰੀ ਇਕੱਠ ਨੇ ਪੰਜਾਬ ਭਰ ਦੀਆਂ ਸਰਕਾਰੀ, ਨਿੱਜੀ ਅਤੇ ਆਟੋਨੋਮਸ ਯੂਨੀਵਰਸਿਟੀਆਂ, ਕਾਲਜਾਂ ਅਤੇ ਸੰਸਥਾਵਾਂ ਦੇ ਅਕਾਦਮਿਕ ਮੋਹਰੀਆਂ ਨੂੰ ਇਕ ਥਾਂ ਇਕੱਠੇ ਕੀਤਾ। ਅਕਾਦਮਿਕ ਖੇਤਰ ਦੇ ਆਗੂਆਂ ਨੂੰ ਸੰਬੋਧਨ ਕਰਦੇ ਹੋਏ, ਰਾਜਪਾਲ ਨੇ ਨਵੀਨਤਾਕਾਰੀ, ਸਮਾਵੇਸ਼ੀ ਅਤੇ ਪ੍ਰਭਾਵ-ਅਧਾਰਤ ਸਿਖਲਾਈ ਮਾਡਲਾਂ ਰਾਹੀਂ ਭਾਰਤ ਦੇ ਭਵਿੱਖ ਨੂੰ ਆਕਾਰ ਦੇਣ ਵਿਚ ਐਲਪੀਯੂ ਵਰਗੀਆਂ ਅਕਾਦਮਿਕ ਸੰਸਥਾਵਾਂ ਦੀ ਭੂਮਿਕਾ ਦੀ ਸ਼ਲਾਘਾ ਕੀਤੀ। ਸ੍ਰੀ ਕਟਾਰੀਆ ਨੇ ਕਿਹਾ ਕਿ ਇਹ ਦੇਖ ਕੇ ਬਹੁਤ ਹੌਸਲਾ ਮਿਲਦਾ ਏ ਕਿ ਐੱਲਪੀਯੂ ਵਰਗੀਆਂ ਸੰਸਥਾਵਾਂ ਪ੍ਰਗਤੀਸ਼ੀਲ ਦ੍ਰਿਸ਼ਟੀਕੋਣ ਨਾਲ ਅੱਗੇ ਆ ਰਹੀਆਂ ਨੇ ਅਤੇ 22 ਲੱਖ ਤੋਂ ਵੱਧ ਰੱਖਿਆ ਅਤੇ ਅਰਧ ਸੈਨਿਕ ਬਲਾਂ ਦੇ ਕਰਮਚਾਰੀਆਂ ਨੂੰ ਪੂਰੀ ਫੀਸ-ਮੁਆਫੀ ਸਕਾਲਰਸ਼ਿਪ ਪ੍ਰਦਾਨ ਕਰ ਰਹੀਆਂ ਨੇ। ਉਨ੍ਹਾਂ ਨੇ ਸਿੱਖਿਆ ਜਗਤ ਨੂੰ ਨਸ਼ਾਖੋਰੀ ਵਰਗੇ ਮਹੱਤਵਪੂਰਨ ਸਮਾਜਿਕ ਮੁੱਦਿਆਂ ਨੂੰ ਹੱਲ ਕਰਨ ਲਈ ਕਦਮ ਚੁੱਕਣ

ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਧਿਆਪਕ, ਵਿਦਿਆਰਥੀ, ਪਰਿਵਾਰ, ਸਾਨੂੰ ਸਾਰਿਆਂ ਨੂੰ 'ਯੁੱਧ ਨਸ਼ਿਆਂ ਵਿਰੁੱਧ' ਨੂੰ ਲੋਕ ਲਹਿਰ ਵਿਚ ਬਦਲਣ ਲਈ ਇਕੱਠੇ ਹੋਣਾ ਚਾਹੀਦਾ ਏ। ਰਾਜ ਸਭਾ ਮੈਂਬਰ ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਰਾਜਪਾਲ ਦਾ ਉਨ੍ਹਾਂ ਦੀ ਪ੍ਰੇਰਨਾਦਾਇਕ ਅਗਵਾਈ ਲਈ ਧੰਨਵਾਦ ਕੀਤਾ।

---------------------------------------------------------

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕੱਲ੍ਹ ਗੜ੍ਹਸ਼ੰਕਰ ਵਿਚ 'ਅਮਰੁਤ 2' ਸਕੀਮ ਤਹਿਤ 5.65 ਕਰੋੜ ਰੁਪਏ ਦੇ ਵਾਟਰ ਸਪਲਾਈ ਪ੍ਰੋਜੈਕਟ ਦੇ ਪਹਿਲੇ ਪੜਾਅ ਦਾ ਉਦਘਾਟਨ ਕੀਤਾ। ਇਹ ਉਦਘਾਟਨੀ ਸਮਾਰੋਹ ਵਾਰਡ ਨੰਬਰ 7 ਵਿਚ ਹੋਇਆ, ਜਿੱਥੇ 19 ਕਿ.ਮੀ. ਲੰਬੀ ਪਾਈਪਲਾਈਨ ਨੈੱਟਵਰਕ ਦੀ ਸ਼ੁਰੂਆਤ ਕੀਤੀ ਗਈ ਏ, ਤਾਂ ਜੋ ਸ਼ਹਿਰ ਦੇ ਕਈ ਵਾਰਡਾਂ ਨੂੰ ਲਾਭ ਮਿਲ ਸਕੇ। ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਅਮਰੂਤ 2 ਤਹਿਤ ਅਜਿਹੇ ਵਿਕਾਸਕਾਰੀ ਪ੍ਰੋਜੈਕਟਾਂ ਨੂੰ ਤਰਜੀਹ ਦਿੱਤੀ ਜਾ ਰਹੀ ਏ ਤਾਂ ਜੋ ਸੂਬੇ ਵਿਚ ਚੰਗੇ ਤਰੀਕੇ ਨਾਲ ਵਿਕਾਸ ਹੋ ਸਕੇ।